**ਪ੍ਰਧਾਨ ਮੰਤਰੀ ਨੇ ਰੀਓ ਡੀ ਜਨੇਰੀਓ, ਬ੍ਰਾਜ਼ੀਲ ਵਿੱਚ 17ਵੇਂ BRICS ਸਿਖਰ ਸੰਮੇਲਨ ਵਿੱਚ ਹਿੱਸਾ ਲਿਆ (06 ਜੁਲਾਈ, 2025)**

ਜੁਲਾਈ 06, 2025

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਅੱਜ 6-7 ਜੁਲਾਈ 2025 ਨੂੰ ਰੀਓ ਡੀ ਜਨੇਰੀਓ, ਬ੍ਰਾਜ਼ੀਲ ਵਿੱਚ ਆਯੋਜਿਤ 17ਵੇਂ BRICS ਸਿਖਰ ਸੰਮੇਲਨ ਵਿੱਚ ਹਿੱਸਾ ਲਿਆ। ਲੀਡਰਾਂ ਨੇ BRICS ਏਜੰਡੇ 'ਤੇ ਵੱਖ-ਵੱਖ ਮੁੱਦਿਆਂ 'ਤੇ ਉਪਯੋਗੀ ਚਰਚਾ ਕੀਤੀ, ਜਿਸ ਵਿੱਚ ਗਲੋਬਲ ਸ਼ਾਸਨ ਵਿੱਚ ਸੁਧਾਰ, ਗਲੋਬਲ ਸਾਊਥ ਦੀ ਆਵਾਜ ਬੁਲੰਦ ਕਰਨਾ, ਸ਼ਾਂਤੀ ਅਤੇ ਸੁਰੱਖਿਆ, ਬਹੁਪੱਖਵਾਦ ਨੂੰ ਮਜਬੂਤ ਕਰਨਾ, ਵਿਕਾਸ ਦੇ ਮੁੱਦੇ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਸ਼ਾਮਲ ਹਨ। ਪ੍ਰਧਾਨ ਮੰਤਰੀ ਨੇ ਬ੍ਰਾਜ਼ੀਲ ਦੇ ਰਾਸ਼ਟਰਪਤੀ ਨੂੰ ਉਨ੍ਹਾਂ ਦੀ ਨਿੱਘੀ ਪ੍ਰਾਹੁਣਚਾਰੀ ਅਤੇ ਸਿਖਰ ਸੰਮੇਲਨ ਦੇ ਸਫਲ ਆਯੋਜਨ ਲਈ ਧੰਨਵਾਦ ਦਿੱਤਾ।

2. ਪ੍ਰਧਾਨ ਮੰਤਰੀ ਨੇ "ਗਲੋਬਲ ਸ਼ਾਸਨ ਵਿੱਚ ਸੁਧਾਰ ਅਤੇ ਸ਼ਾਂਤੀ ਅਤੇ ਸੁਰੱਖਿਆ" 'ਤੇ ਉਦਘਾਟਨੀ ਸੈਸ਼ਨ ਨੂੰ ਸੰਬੋਧਿਤ ਕੀਤਾ"। ਬਾਅਦ ਵਿੱਚ, ਪ੍ਰਧਾਨ ਮੰਤਰੀ ਨੇ "ਬਹੁਪੱਖਵਾਦ, ਆਰਥਿਕ-ਵਿੱਤੀ ਮਾਮਲਿਆਂ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਮਜ਼ਬੂਤ ਕਰਨਾ" ਬਾਰੇ ਇੱਕ ਸੈਸ਼ਨ ਨੂੰ ਵੀ ਸੰਬੋਧਿਤ ਕੀਤਾ। ਇਸ ਸੈਸ਼ਨ ਵਿੱਚ BRICS ਪਾਰਟਨਰ ਅਤੇ ਸੱਦੇ ਗਏ ਦੇਸ਼ਾਂ ਨੇ ਵੀ ਹਿੱਸਾ ਲਿਆ।

3. ਗਲੋਬਲ ਸ਼ਾਸਨ ਅਤੇ ਸ਼ਾਂਤੀ ਅਤੇ ਸੁਰੱਖਿਆ 'ਤੇ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਗਲੋਬਲ ਸਾਊਥ ਦੀ ਆਵਾਜ਼ ਨੂੰ ਨੂੰ ਬੁਲੰਦ ਕਰਨ ਦੇ ਲਈ ਭਾਰਤ ਦੀ ਵਚਨਬੱਧਤਾ ਦੀ ਪੁਸ਼ਟੀ ਕੀਤੀ। ਉਨ੍ਹਾਂ ਨੇ ਕਿਹਾ ਕਿ ਵਿਕਾਸਸ਼ੀਲ ਦੇਸ਼ਾਂ ਨੂੰ ਜਲਵਾਯੂ ਪਰਿਵਰਤਨ ਨਾਲ ਨਜਿੱਠਣ ਦੇ ਲਈ ਵਿੱਤੀ ਸਹਾਇਤਾ ਅਤੇ ਤਕਨਾਲੋਜੀ ਤੱਕ ਪਹੁੰਚ ਦੇ ਮਾਮਲੇ ਵਿੱਚ ਟਿਕਾਊ ਵਿਕਾਸ ਲਈ ਵਧੇਰੇ ਸਹਾਇਤਾ ਦੀ ਲੋੜ ਹੈ। ਇਹ ਉਜਾਗਰ ਕਰਦੇ ਹੋਏ ਕਿ 20ਵੀਂ ਸਦੀ ਦੇ ਗਲੋਬਲ ਸੰਗਠਨਾਂ ਵਿੱਚ 21ਵੀਂ ਸਦੀ ਦੀਆਂ ਚੁਣੌਤੀਆਂ ਨਾਲ ਨਜਿੱਠਣ ਦੀ ਸਮਰੱਥਾ ਦੀ ਘਾਟ ਹੈ, ਪ੍ਰਧਾਨ ਮੰਤਰੀ ਨੇ ਉਨ੍ਹਾਂ ਨੂੰ ਸੁਧਾਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਇੱਕ ਬਹੁਪੱਖੀ ਅਤੇ ਸਮਾਵੇਸ਼ੀ ਵਿਸ਼ਵ ਵਿਵਸਥਾ ਦੀ ਮੰਗ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ, IMF, ਵਿਸ਼ਵ ਬੈਂਕ ਅਤੇ WTO ਵਰਗੇ ਗਲੋਬਲ ਸ਼ਾਸਨ ਸੰਗਠਨਾਂ ਨੂੰ ਵਰਤਮਾਨ ਵਾਸਤਵਿਕਤਾਵਾਂ ਨੂੰ ਦਰਸਾਉਣ ਲਈ ਤੁਰੰਤ ਸੁਧਾਰ ਕਰਨਾ ਚਾਹੀਦਾ ਹੈ। ਉਨ੍ਹਾਂ ਨੇ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਵਿੱਚ ਸੁਧਾਰ ਦੀ ਜ਼ਰੂਰਤ ਨੂੰ ਉਜਾਗਰ ਕਰਨ ਅਤੇ ਸਿਖਰ ਸੰਮੇਲਨ ਦੀ ਘੋਸ਼ਣਾ ਵਿੱਚ ਮੁੱਦੇ 'ਤੇ ਇੱਕ ਮਜ਼ਬੂਤ ਭਾਸ਼ਾ ਅਪਣਾਉਣ ਲਈ ਨੇਤਾਵਾਂ ਦਾ ਧੰਨਵਾਦ ਕੀਤਾ।

4. ਸ਼ਾਂਤੀ ਅਤੇ ਸੁਰੱਖਿਆ 'ਤੇ, ਪ੍ਰਧਾਨ ਮੰਤਰੀ ਨੇ ਜ਼ੋਰ ਦਿੱਤਾ ਕਿ ਅੱਤਵਾਦ ਮਾਨਵਤਾ ਦੇ ਲਈ ਇੱਕ ਗੰਭੀਰ ਖ਼ਤਰਾ ਹੈ। ਇਸ ਸੰਦਰਭ ਵਿੱਚ ਉਨ੍ਹਾਂ ਨੇ ਕਿਹਾ ਕਿ ਅਪ੍ਰੈਲ 2025 ਵਿੱਚ ਪਹਿਲਗਾਮ ਅੱਤਵਾਦੀ ਹਮਲਾ ਨਾ ਸਿਰਫ ਭਾਰਤ 'ਤੇ ਹਮਲਾ ਸੀ, ਸਗੋਂ ਸਮੁੱਚੀ ਮਾਨਵਤਾ 'ਤੇ ਹਮਲਾ ਸੀ। ਅੱਤਵਾਦ ਵਿਰੁੱਧ ਸਖ਼ਤ ਵਿਸ਼ਵਵਿਆਪੀ ਕਾਰਵਾਈ ਦੀ ਮੰਗ ਕਰਦਿਆਂ ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਤਵਾਦੀਆਂ ਨੂੰ ਵਿੱਤ ਉਪਲਬਧ ਕਰਵਾਉਣ ਵਾਲਿਆਂ, ਉਨ੍ਹਾਂ ਨੂੰ ਹੁਲਾਰਾ ਜਾਂ ਸੁਰੱਖਿਅਤ ਆਸਰਾ ਦੇਣ ਵਾਲਿਆਂ ਨਾਲ ਸਖ਼ਤ ਤੋਂ ਸਖ਼ਤ ਤਰੀਕੇ ਨਾਲ ਨਿਪਟਣਾ ਚਾਹੀਦਾ ਹੈ। ਉਨ੍ਹਾਂ ਨੇ ਜ਼ੋਰ ਦਿੱਤਾ ਕਿ ਅੱਤਵਾਦ ਨਾਲ ਨਜਿੱਠਣ ਵਿੱਚ ਦੋਹਰੇ ਮਾਪਦੰਡ ਨਹੀਂ ਹੋਣੇ ਚਾਹੀਦੇ। ਉਨ੍ਹਾਂ ਨੇ ਪਹਿਲਗਾਮ

ਅੱਤਵਾਦੀ ਹਮਲੇ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਨ ਲਈ BRICS ਲੀਡਰਾਂ ਦਾ ਧੰਨਵਾਦ ਕੀਤਾ। ਅੱਤਵਾਦ ਵਿਰੁੱਧ ਵਿਸ਼ਵਵਿਆਪੀ ਲੜਾਈ ਨੂੰ ਮਜਬੂਤ ਕਰਨ ਲਈ BRICS ਦੇਸ਼ਾਂ ਨੂੰ ਸੱਦਾ ਦਿੰਦੇ ਹੋਏ ਉਹਨਾਂ ਨੇ ਜ਼ੋਰ ਦੇਕੇ ਕਿਹਾ ਕਿ ਖਤਰੇ ਨਾਲ ਨਜਿੱਠਣ ਵਿੱਚ ਜ਼ੀਰੋ ਟੌਲਰੈਂਸ ਹੋਣੀ ਚਾਹੀਦੀ ਹੈ।

5. ਇਸ ਵਿਸ਼ੇ 'ਤੇ ਹੋਰ ਵਿਸਥਾਰ ਨਾਲ ਦੱਸਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਪੱਛਮੀ ਏਸ਼ੀਆ ਤੋਂ ਯੂਰੋਪ ਤੱਕ ਦੇ ਟਕਰਾਅ, ਡੂੰਘੀ ਚਿੰਤਾ ਦਾ ਵਿਸ਼ਾ ਹਨ। ਉਨ੍ਹਾਂ ਅੱਗੇ ਕਿਹਾ ਕਿ ਭਾਰਤ ਨੇ ਹਮੇਸ਼ਾ ਅਜਿਹੇ ਸੰਘਰਸ਼ਾਂ ਨੂੰ ਹੱਲ ਕਰਨ ਲਈ ਸੰਵਾਦ ਅਤੇ ਕੂਟਨੀਤੀ ਦੀ ਮੰਗ ਕੀਤੀ ਹੈ ਅਤੇ ਅਜਿਹੇ ਯਤਨਾਂ ਵਿੱਚ ਯੋਗਦਾਨ ਪਾਉਣ ਲਈ ਤਿਆਰ ਹੈ।

6. ਬਹੁਪੱਖਵਾਦ, ਆਰਥਿਕ-ਵਿੱਤੀ ਮਾਮਲਿਆਂ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ ਨੂੰ ਮਜਬੂਤ ਕਰਨ 'ਤੇ ਸੈਸ਼ਨ ਨੂੰ ਸੰਬੋਧਨ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਕਿਹਾ ਕਿ ਵਿਵਿਧਤਾ ਅਤੇ ਬਹੁ-ਧਰੁਵੀਅਤਾ BRICS ਦੀਆਂ ਮਹੱਤਵਪੂਰਨ ਸ਼ਕਤੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਸਮੇਂ ਵਿੱਚ ਜਦੋਂ ਵਿਸ਼ਵ ਵਿਵਸਥਾ ਦਬਾਅ ਵਿੱਚ ਹੈ ਅਤੇ ਗਲੋਬਲ ਸਮੁਦਾਇ ਅਨਿਸ਼ਚਿਤਤਾ ਅਤੇ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ, BRICS ਦੀ ਸਾਰਥਕਤਾ ਸਪੱਸ਼ਟ ਹੈ। ਉਨ੍ਹਾਂ ਅੱਗੇ ਕਿਹਾ ਕਿ BRICS ਇੱਕ ਬਹੁ-ਧਰੁਵੀ ਵਿਸ਼ਵ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਸਕਦਾ ਹੈ। ਇਸ ਸੰਬੰਧ ਵਿੱਚ, ਉਨ੍ਹਾਂ ਨੇ ਚਾਰ ਸੁਝਾਅ ਪੇਸ਼ ਕੀਤੇ: ਇੱਕ, BRICS ਨਿਊ ਡਿਵੈਲਪਮੈਂਟ ਬੈਂਕ ਨੂੰ ਪ੍ਰੋਜੈਕਟਾਂ ਨੂੰ ਮਨਜ਼ੂਰੀ ਦੇਣ ਦੇ ਲਈ ਮੰਗ ਅਧਾਰਿਤ ਸਿਧਾਂਤ ਅਤੇ ਦੀਰਘਕਾਲੀ ਸਥਿਰਤਾ ਦਾ ਪਾਲਨ ਕਰਨਾ ਚਾਹੀਦਾ ਹੈ; ਦੂਸਰਾ, ਸਮੂਹ ਇੱਕ ਵਿਗਿਆਨ ਅਤੇ ਖੋਜ ਭੰਡਾਰ ਸਥਾਪਿਤ ਕਰਨ ’ਤੇ ਵਿਚਾਰ ਕਰੇ ਜੋ ਗਲੋਬਲ ਸਾਊਥ ਦੇਸ਼ਾਂ ਨੂੰ ਲਾਭ ਪਹੁੰਚਾ ਸਕੇ; ਤੀਸਰਾ, ਮਹੱਤਵਪੂਰਨ ਖਣਿਜਾਂ ਦੀ ਸਪਲਾਈ ਚੇਨ ਨੂੰ ਸੁਰੱਖਿਅਤ ਅਤੇ ਲਚੀਲਾ ਬਣਾਉਣ ’ਤੇ ਧਿਆਨ ਦਿੱਤਾ ਜਾਣਾ ਚਾਹੀਦਾ ਹੈ; ਅਤੇ, ਅਤੇ, ਚੌਥਾ, ਸਮੂਹ ਨੂੰ ਜ਼ਿੰਮੇਦਾਰ AI ਦੇ ਲਈ ਕੰਮ ਕਰਨਾ ਚਾਹੀਦਾ ਹੈ - AI ਸ਼ਾਸਨ ਦੀਆਂ ਚਿੰਤਾਵਾਂ ਨੂੰ ਵੇਖਦੇ ਹੋਏ, ਇਸ ਨੂੰ ਖੇਤਰ ਵਿੱਚ ਇਨੋਵੇਸ਼ਨ ਨੂੰ ਵਧਾਵਾ ਦੇਣ ਲਈ ਵੀ ਬਰਾਬਰ ਮਹੱਤਵ ਦੇਣਾ ਚਾਹੀਦਾ ਹੈ।

7. ਲੀਡਰਾਂ ਦੇ ਸੈਸ਼ਨ ਦੀ ਸਮਾਪਤੀ 'ਤੇ, ਸਦੱਸ ਦੇਸ਼ਾਂ ਨੇ 'ਰੀਓ ਡੀ ਜਨੇਰੀਓ ਐਲਾਨਨਾਮੇ' ਨੂੰ ਸਵੀਕਾਰ ਕਰ ਲਿਆ [Link]। ਗਲੋਬਲ ਸ਼ਾਸਨ [Link], ਸ਼ਾਂਤੀ ਅਤੇ ਸੁਰੱਖਿਆ [Link] ਅਤੇ ਬਹੁਪੱਖਵਾਦ, ਆਰਥਿਕ-ਵਿੱਤੀ ਮਾਮਲਿਆਂ ਅਤੇ ਆਰਟੀਫਿਸ਼ਲ ਇੰਟੈਲੀਜੈਂਸ ਨੂੰ ਮਜ਼ਬੂਤ ਕਰਨਾ [Link] ਦੇ ਸੈਸ਼ਨਾਂ ਵਿੱਚ ਪ੍ਰਧਾਨ ਮੰਤਰੀ ਦਾ ਪੂਰਾ ਸੰਬੋਧਨ ਇੱਥੇ ਦੇਖਿਆ ਜਾ ਸਕਦਾ ਹੈ।

ਰੀਓ ਡੀ ਜਨੇਰੀਓ

ਜੁਲਾਈ 06, 2025